# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :06-06-2026**

**ਪਹਿਲਾਂ ਬੁਲੇਟਿਨ ਦੀਆਂ ਖਾਸ ਖ਼ਬਰਾਂ |**

- ਚੋਣ ਕਮਿਸ਼ਨ ਪੰਜਾਬ ਵਲੋਂ ਭਲਕੇ 7 ਜੂਨ ਨੂੰ ਸੂਬੇ ਭਰ ਦੇ ਸਾਰੇ 24 ਹਜ਼ਾਰ 453 ਵੋਟ ਕੇਂਦਰਾਂ 'ਤੇ ਵਿਸ਼ੇਸ਼ ਕੈਂਪ ਲਾਏ ਜਾਣਗੇ।

- ਕੇਂਦਰ ਸਰਕਾਰ ਨੇ ਕਾਨੂੰਨੀ ਮਾਪ ਪ੍ਰਣਾਲੀ ਤਹਿਤ ਖਾਣ ਵਾਲੇ ਤੇਲਾਂ ਲਈ ਮਿਆਰੀ ਪੈਕੇਜਿੰਗ ਲਾਗੂ ਕੀਤੀ।

- ਦਿੱਲੀ ਦੇ ਉਪ-ਰਾਜਪਾਲ ਤਰਨਜੀਤ ਸਿੰਘ ਸੰਧੂ ਨੇ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨਾਲ ਮੁਲਾਕਾਤ ਕੀਤੀ ਤੇ ਵੱਖ-ਵੱਖ ਅਹਿਮ ਮੁੱਦਿਆਂ 'ਤੇ ਵਿਆਪਕ ਵਿਚਾਰ – ਵਟਾਂਦਰਾ ਕੀਤਾ |

- ਪੰਜਾਬ ਵਿੱਚ ਇੱਕ ਸੜ੍ਹਕ ਹਾਦਸੇ ਵਿਚ ਘੱਟੋ-ਘੱਟ 9 ਲੋਕਾਂ ਦੀ ਮੌਤ ਅਤੇ 22 ਹੋਰ ਜ਼ਖਮੀ |
- ਮੌਸਮ ਵਿਭਾਗ ਵਲੋਂ ਕਲ੍ਹ ਤੋਂ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਵਿਚ ਮੁੜ੍ਹ ਲੂ ਚਲਣ ਦੀ ਪੇਸ਼ੀਨਗੋਈ |

- ਭਾਰਤ ਨੇ ਜਾਪਾਨ ਨੂੰ 4-1 ਨਾਲ ਹਰਾ ਕੇ, ਤੀਜੀ ਵਾਰ ਅੰਡਰ-18 ਏਸ਼ੀਆ ਕੱਪ ਹਾਕੀ ਦਾ ਖਿਤਾਬ ਜਿੱਤਿਆ |

**ਹੁਣ ਖ਼ਬਰਾਂ ਵਿਸਥਾਰ ਨਾਲ**

ਚੋਣ ਕਮਿਸ਼ਨ ਪੰਜਾਬ ਵਲੋਂ ਭਲਕੇ 7 ਜੂਨ ਨੂੰ ਸੂਬੇ ਭਰ ਦੇ 24 ਹਜ਼ਾਰ 453 ਵੋਟ ਕੇਂਦਰਾਂ 'ਤੇ ਵਿਸ਼ੇਸ਼ ਕੈਂਪ ਲਾਏ ਜਾਣਗੇ। ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਨ ਸੋਧ (SIR) ਤਹਿਤ ਵੋਟਰਾਂ ਦੀ ਪ੍ਰੀ-ਮੈਪਿੰਗ ਜਾਂ ਅਗਾਹੂੰ ਨਿਸ਼ਾਨਦੇਹੀ ਦੀ ਗਤੀ ਨੂੰ ਤੇਜ਼ ਕਰਨ ਲਈ ਇਹ ਕੈਂਪ ਲਾਏ ਜਾ ਰਹੇ ਨੇ. ਪੰਜਾਬ ਦੇ ਮੁੱਖ ਚੋਣ ਅਧਿਕਾਰੀ , ਅਨਿੰਦਿੱਤਾ ਮਿੱਤਰਾ ਨੇ ਦਸਿਆ ਕਿ ਇਹ ਵਿਸ਼ੇਸ਼ ਕੈਂਪ  ਸਵੇਰੇ 10 ਵਜੇ ਤੋਂ ਸ਼ਾਮ 5 ਵਜੇ ਤੱਕ ਚੱਲਣਗੇ | ਹੁਣ ਤੱਕ, 90 ਫੀਸਦੀ ਦੇ ਨਿਰਧਾਰਤ ਟੀਚੇ ਦੇ ਮੁਕਾਬਲੇ ਸੂਬੇ ਵਿੱਚ ਪ੍ਰੀ SIR ਮੈਪਿੰਗ ਦਾ 84.62 ਫੀਸਦੀ ਕੰਮ ਪੂਰਾ ਹੋ ਚੁਕਿਆ ਏ. ਜਲੰਧਰ ਸਮੇਤ ਸਾਰੇ ਜ਼ਿਲਿਆਂ ਵਿਚ ਇਸ ਸੰਬੰਧੀ ਤਿਆਰੀਆਂ ਪੂਰੀਆਂ

ਕਰ ਲਈਆਂ ਗਈਆਂ ਨੇ. ਡਿਪਟੀ ਕਮਿਸ਼ਨਰ-ਤੇ-ਜ਼ਿਲ੍ਹਾ ਚੋਣ ਅਫ਼ਸਰ, ਵਰਜੀਤ ਵਾਲੀਆ ਨੇ ਦੱਸਿਆ ਕਿ ਬੂਥ ਲੈਵਲ ਅਫ਼ਸਰਾਂ (ਬੀ.ਐਲ.ਓਜ਼) ਨੂੰ ਵੋਟਰਾਂ ਦੀ ਸੁਵਿਧਾ ਲਈ ਕੈਂਪ ਦੌਰਾਨ ਆਪਣੇ ਵੋਟ ਕੇਂਦਰਾਂ ‘ਤੇ ਮੌਜੂਦ ਰਹਿਣ ਦੀ ਹਦਾਇਤ ਕੀਤੀ। ਉਨ੍ਹਾਂ ਕਿਹਾ ਕਿ ਦਫ਼ਤਰ, ਮੁੱਖ ਅਫ਼ਸਰ ਪੰਜਾਬ ਅਤੇ ਜ਼ਿਲ੍ਹਾ ਚੋਣ ਦਫ਼ਤਰ ਦੇ ਅਧਿਕਾਰੀਆਂ ਵੱਲੋਂ ਬੂਥ ਪੱਧਰੀ ਕੈਂਪਾਂ ਦੀ ਅਚਨਚੇਤ ਚੈਕਿੰਗ ਵੀ ਕੀਤੀ ਜਾਵੇਗੀ।

---

ਕੇਂਦਰ ਸਰਕਾਰ ਨੇ ਕਾਨੂੰਨੀ ਮਾਪ ਪ੍ਰਣਾਲੀ ਤਹਿਤ ਖਾਣ ਵਾਲੇ ਤੇਲਾਂ ਲਈ ਮਿਆਰੀ ਪੈਕੇਜਿੰਗ ਲਾਗੂ ਕੀਤੀ ਏ । ਇਸ ਨਾਲ ਬਾਜ਼ਾਰ ਵਿੱਚ ਵਧੇਰੇ ਪਾਰਦਰਸ਼ਿਤਾ ਅਤੇ ਇਕਸਾਰਤਾ ਆਵੇਗੀ । ਖਪਤਕਾਰ ਮਾਮਲਿਆਂ ਦੇ ਵਿਭਾਗ ਨੇ ਖੁਰਾਕੀ ਤੇਲਾਂ ਅਤੇ ਘਿਓ ਦੀ ਸ਼ੁੱਧ ਮਾਤਰਾ ਅਤੇ ਮਿਆਰੀ ਪੈਕ ਆਕਾਰ ਨਿਰਧਾਰਤ ਕਰਨ ਲਈ ਮਿਆਰੀ ਸੰਚਾਲਨ ਪ੍ਰਕਿਰਿਆ ਵਿੱਚ ਸੋਧ ਕੀਤੀ ਏ । ਖਪਤਕਾਰ ਮਾਮਲਿਆਂ, ਖੁਰਾਕ ਅਤੇ ਜਨਤਕ ਵੰਡ ਮੰਤਰਾਲੇ ਨੇ ਕਿਹਾ ਏ ਕਿ ਸੋਧੇ ਹੋਏ ਨੇਮਾਂ ਤਹਿਤ, ਤਾੜ ਦੇ ਤੇਲ, ਪਾਮੋਲੀਨ, ਸੋਇਆਬੀਨ ਤੇਲ, ਸੂਰਜਮੁਖੀ ਤੇਲ, ਸਰ੍ਹੋਂ, ਮੂੰਗਫਲੀ, ਤੇ ਤਿਲ ਦੇ ਤੇਲ, ਚੌਲਾਂ ਦੇ ਛਾਣ ਦੇ ਤੇਲ, ਕਪਾਹ ਦੇ ਬੀਜ ਦੇ ਤੇਲ ਅਤੇ ਮੱਕੀ ਦੇ ਤੇਲ ਸਮੇਤ ਪ੍ਰਮੁੱਖ ਖੁਰਾਕੀ ਤੇਲਾਂ ਲਈ ਮਿਆਰੀ ਪੈਕ ਆਕਾਰ ਨਿਰਧਾਰਤ ਕੀਤੇ ਗਏ ਨੇ. ਪ੍ਰਵਾਨਿਤ ਪੈਕ

ਆਕਾਰ 200 ਗ੍ਰਾਮ, 500 ਗ੍ਰਾਮ, 1 ਤੋਂ 5 ਕਿਲੋਗ੍ਰਾਮ, 15 ਕਿਲੋਗ੍ਰਾਮ ਅਤੇ 20 ਕਿਲੋਗ੍ਰਾਮ ਨੇ. ਇਸ ਪਹਿਲ ਦਾ ਉਦੇਸ਼ ਬਾਜ਼ਾਰ ਵਿੱਚ ਵੱਖ-ਵੱਖ ਪੈਕੇਜ ਆਕਾਰਾਂ ਦੀ ਵੱਧ ਰਹੀ ਗਿਣਤੀ ਨੂੰ ਘਟਾਉਣਾ ਏ । ਇਸ ਨਾਲ ਖਪਤਕਾਰਾਂ ਲਈ ਕੀਮਤਾਂ ਦੀ ਤੁਲਨਾ ਕਰਨਾ ਅਤੇ ਸੋਚ ਸਮਝ ਕੇ ਖਰੀਦਦਾਰੀ ਕਰਨਾ ਆਸਾਨ ਹੋ ਜਾਵੇਗਾ ।

---------------------------------------------------------

ਦਿੱਲੀ ਦੇ ਉਪ ਰਾਜਪਾਲ ਤਰਨਜੀਤ ਸਿੰਘ ਸੰਧੂ ਨੇ ਪੰਜਾਬ ਦੇ ਰਾਜਪਾਲ ਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ, ਗੁਲਾਬ ਚੰਦ ਕਟਾਰੀਆ ਨਾਲ ਚੰਡੀਗੜ੍ਹ ਵਿਖੇ ਮੁਲਾਕਾਤ ਕੀਤੀ। ਇਸ ਦੌਰਾਨ ਦੋਵਾਂ ਨੇ ਪੰਜਾਬ, ਚੰਡੀਗੜ੍ਹ, ਦਿੱਲੀ ਤੇ ਰਾਸ਼ਟਰੀ ਮਹੱਤਵ ਦੇ ਵੱਖ-ਵੱਖ ਮੁੱਦਿਆਂ 'ਤੇ ਵਿਆਪਕ ਚਰਚਾ ਕੀਤੀ। ਨੌਜਵਾਨਾਂ, ਖਾਸ ਕਰਕੇ ਸਰਹੱਦੀ ਇਲਾਕਿਆਂ ਦੇ ਲੋਕਾਂ ਨੂੰ ਹੁਨਰ ਵਿਕਾਸ ਪ੍ਰੋਗਰਾਮਾਂ ਨਾਲ ਪ੍ਰਭਾਵਸ਼ਾਲੀ ਢੰਗ ਨਾਲ ਜੋੜਨ ਬਾਰੇ ਵੀ ਵਿਆਪਕ ਗੱਲਬਾਤ ਹੋਈ। ਦੋਵਾਂ ਨੇ 2047 ਤੱਕ ਵਿਕਸਿਤ ਭਾਰਤ ਦੇ ਟੀਚੇ ਨੂੰ ਪ੍ਰਾਪਤ ਕਰਨ ਲਈ ਯੁਵਾ ਸ਼ਕਤੀਕਰਨ ਤੇ ਹੁਨਰ ਵਿਕਾਸ ਨੂੰ ਮਹੱਤਵਪੂਰਨ ਥੰਮ੍ਹ ਦੱਸਿਆ ਤੇ ਇਸ ਦਿਸ਼ਾ ਵਿੱਚ ਨਿਰੰਤਰ ਯਤਨਾਂ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ।

---------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੁੱਖ ਮੰਤਰੀ ਸਿਹਤ ਯੋਜਨਾ ਦੀ ਪ੍ਰਗਤੀ ਅਤੇ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਦੇ ਲਾਗੂਕਰਨ ਦਾ ਜਾਇਜ਼ਾ ਲਿਆ | ਚੰਡੀਗੜ੍ਹ ਵਿੱਚ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ, ਮੁੱਖ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ, ਸੂਬੇ ਭਰ ਦੇ ਲੋਕਾਂ ਲਈ ਵੱਡੀ ਰਾਹਤ ਸਾਬਤ ਹੋ ਰਹੀ ਏ। ਉਨ੍ਹਾਂ ਕਿਹਾ ਕਿ ਇਸ ਯੋਜਨਾ ਤਹਿਤ, 3 ਲੱਖ 79 ਹਜ਼ਾਰ ਮਰੀਜ਼ ਪਹਿਲਾਂ ਹੀ 654 ਕਰੋੜ ਰੁਪਏ ਦਾ ਨਕਦੀ ਰਹਿਤ ਇਲਾਜ ਪ੍ਰਾਪਤ ਕਰ ਚੁੱਕੇ ਨੇ। ਇਸ ਯੋਜਨਾ ਤਹਿਤ, ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦੇ ਨਕਦੀ ਰਹਿਤ ਇਲਾਜ ਦੀ ਸਹੂਲਤ ਦਿੱਤੀ ਗਈ ਏ। ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ, ਸੂਬੇ ਦੇ ਹਰ ਪਰਿਵਾਰ ਲਈ ਗੁਣਵੱਤਾ ਅਤੇ ਕਿਫ਼ਾਇਤੀ ਸਿਹਤ ਸੰਭਾਲ ਸੇਵਾਵਾਂ ਯਕੀਨੀ ਬਣਾਉਣ ਲਈ ਵਚਨਬੱਧ ਏ। ਮੁੱਖ ਮੰਤਰੀ ਨੇ ਕਿਹਾ ਕਿ ਇਸ ਯੋਜਨਾ ਨੂੰ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ ਏ ਅਤੇ ਇਹ ਸੂਬੇ ਭਰ ਵਿੱਚ ਸਰਵ-ਵਿਆਪਕ ਸਿਹਤ ਸੰਭਾਲ ਕਵਰੇਜ ਵੱਲ ਕ੍ਰਾਂਤੀਕਾਰੀ ਕਦਮ ਵਜੋਂ ਉੱਭਰ ਰਹੀ ਏ। ਪ੍ਰੋਗਰਾਮ ਦੀ ਪਹੁੰਚ ਬਾਰੇ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ ਕਿ, ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਹੁਣ ਤੱਕ 47 ਲੱਖ 27 ਹਜ਼ਾਰ ਸਿਹਤ ਕਾਰਡ ਜਾਰੀ ਕੀਤੇ ਗਏ ਨੇ। ਇਸ ਦੌਰਾਨ, ਮੁੱਖ ਮੰਤਰੀ ਨੇ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਦੇ ਲਾਗੂਕਰਨ ਦੀ ਵੀ

ਸਮੀਖਿਆ ਕੀਤੀ। ਉਨ੍ਹਾਂ ਨੇ ਐਲਾਨ ਕੀਤਾ ਕਿ ਇਸ ਯੋਜਨਾ ਤਹਿਤ, ਸੂਬੇ ਭਰ ਦੀਆਂ ਯੋਗ ਔਰਤਾਂ ਨੂੰ ਪਹਿਲੀ ਜੁਲਾਈ ਤੋਂ ਮਾਲੀ ਸਹਾਇਤਾ ਮਿਲਣੀ ਸ਼ੁਰੂ ਹੋ ਜਾਵੇਗੀ। ਉਨ੍ਹਾਂ ਨੇ ਕਿਹਾ ਕਿ ਇਸ ਪਹਿਲਕਦਮੀ ਦਾ ਉਦੇਸ਼, ਔਰਤਾਂ ਦੀ ਆਰਥਿਕ ਸੁਤੰਤਰਤਾ ਨੂੰ ਮਜ਼ਬੂਤ ਕਰਨਾ ਅਤੇ ਸਨਮਾਨਜਨਕ ਜੀਵਨ ਯਕੀਨੀ ਬਣਾਉਣਾ ਏ।

-----------------------------------------------------------

ਪੰਜਾਬ ਵਿੱਚ ਫਿਰੋਜ਼ਪੁਰ-ਫਾਜ਼ਿਲਕਾ ਰੋਡ 'ਤੇ ਅੱਜ ਸਵੇਰੇ ਇੱਕ ਵਾਹਨ ਦੀ ਟਰੱਕ ਨਾਲ ਟੱਕਰ ਹੋ ਜਾਣ ਕਾਰਨ, ਘੱਟੋ-ਘੱਟ 9 ਲੋਕਾਂ ਦੀ ਮੌਤ ਹੋ ਗਈ ਏ ਅਤੇ 22 ਹੋਰ ਜ਼ਖਮੀ ਹੋ ਗਏ ਨੇ। ਸਾਰੇ ਪੀੜਤ ਇੱਕੋ ਪਰਿਵਾਰ ਦੇ ਮੈਂਬਰ ਸਨ। ਇਹ ਹਾਦਸਾ ਉਸ ਸਮੇਂ ਵਾਪਰਿਆ, ਜਦੋਂ ਉਹ ਆਪਣੇ ਇੱਕ ਰਿਸ਼ਤੇਦਾਰ ਦੀਆਂ ਅਸਥੀਆਂ ਬਿਆਸ ਦਰਿਆ ਵਿੱਚ ਪ੍ਰਵਾਹ ਕਰਨ ਜਾ ਰਹੇ ਸਨ। ਕਈ ਪੀੜਤਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦੋਂ ਕਿ ਜ਼ਖਮੀਆਂ ਨੂੰ ਫਿਰੋਜ਼ਪੁਰ ਸਿਵਲ ਹਸਪਤਾਲ ਅਤੇ ਫਰੀਦਕੋਟ ਮੈਡੀਕਲ ਕਾਲਜ ਲਿਜਾਇਆ ਗਿਆ। ਪੁਲਿਸ ਹਲਕਿਆਂ ਨੇ ਆਕਾਸ਼ਵਾਣੀ ਨੂੰ ਦੱਸਿਆ ਕਿ 22 ਲੋਕਾਂ ਵਿੱਚੋਂ, ਕਈਆਂ ਦੀ ਨਾਜ਼ੁਕ ਗੰਭੀਰ ਏ।

-----------------------------------------------------------

ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਐਲਾਨ ਕੀਤਾ ਕਿ

ਸਰਦਾਰ ਬੇਅੰਤ ਸਿੰਘ ਸਟੇਟ ਯੂਨੀਵਰਸਿਟੀ, ਗੁਰਦਾਸਪੁਰ ਵਿਖੇ ਅਕਾਦਮਿਕ ਸੈਸ਼ਨ 2026-27 ਤੋਂ ਪੰਜ ਨਵੇਂ ਸਨਅਤ ਅਤੇ ਹੁਨਰ-ਅਧਾਰਿਤ  ਕੋਰਸ ਸ਼ੁਰੂ ਕੀਤੇ ਜਾ ਰਹੇ ਨੇ। ਸ੍ਰੀ ਬੈਂਸ ਨੇ ਕਿਹਾ ਕਿ ਨਵੇਂ ਕੋਰਸਾਂ ਵਿੱਚ, ਆਰਟੀਫੀਸ਼ੀਅਲ ਇੰਟੈਲੀਜੈਂਸ (AI) ਅਤੇ ਮਸ਼ੀਨ ਲਰਨਿੰਗ ਵਿੱਚ ਬੀ.ਟੈਕ, ਰੋਬੋਟਿਕਸ ਅਤੇ AI ਵਿੱਚ ਬੀ.ਟੈਕ, B.ਫਾਰਮੇਸੀ, BSC ਐਗਰੀਕਲਚਰ ਤੇ MCA, MBA ਅਤੇ MSC ਵਿੱਚ ਪੰਜ ਸਾਲਾਂ ਏਕੀਕ੍ਰਿਤ ਪ੍ਰੋਗਰਾਮ ਸ਼ਾਮਲ ਨੇ।   ਸ੍ਰੀ ਬੈਂਸ ਨੇ ਕਿਹਾ ਕਿ ਪੰਜਾਬ ਦੀ ਉੱਚ ਸਿੱਖਿਆ ਨੂੰ ਭਵਿੱਖ ਦੀਆਂ ਰੁਜ਼ਗਾਰ ਅਤੇ ਸਨਅਤ ਦੀਆਂ ਜ਼ਰੂਰਤਾਂ ਮੁਤਾਬਕ ਤਿਆਰ ਕੀਤਾ ਜਾ ਰਿਹਾ ਏ।

-----------------------------------------------------

ਬੀਤੇ ਕੁੱਝ ਦਿਨਾਂ ਦੌਰਾਨ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਤਾਪਮਾਨ 'ਚ ਗਿਰਾਵਟ ਆਉਣ ਨਾਲ, ਕਈ ਥਾਵਾਂ 'ਤੇ ਗਰਮੀ ਤੋਂ ਮਿਲੀ ਰਾਹਤ ਤੋਂ ਬਾਅਦ, ਆਉਂਦੇ ਦਿਨਾਂ 'ਚ ਲੂ ਚੱਲਣ ਦਾ ਯੈਲੋ ਅਲਰਟ ਜਾਰੀ ਕੀਤਾ ਗਿਆ ਏ. ਮੌਸਮ ਵਿਭਾਗ ਮੁਤਾਬਕ ਕੱਲ੍ਹ ਤੋਂ 10 ਜੂਨ ਤੱਕ ਚੰਡੀਗੜ੍ਹ ਸਮੇਤ ਪੰਜਾਬ ਅਤੇ ਹਰਿਆਣਾ ਵਿੱਚ ਕੁਝ ਥਾਵਾਂ 'ਤੇ ਲੂ ਚਲਣ ਦੀ ਪੇਸ਼ੀਨਗੋਈ ਕੀਤੀ ਗਈ ਏ. 11 ਜੂਨ ਨੂੰ ਪੱਛਮੀ ਗੜਬੜੀ ਕਰਕੇ, ਲੂ ਦੇ ਨਾਲ-ਨਾਲ ਤੇਜ਼ ਹਵਾਵਾਂ ਅਤੇ ਗਰਜ-ਚਮਕ ਦੀ ਵੀ ਪੇਸ਼ੀਨਗੋਈ ਕੀਤੀ ਗਈ ਏ. 12 ਜੂਨ ਨੂੰ ਗਰਮੀ ਤੋਂ ਕੁੱਝ ਰਾਹਤ

ਮਿਲਣ ਦੀ ਉਮੀਦ ਏ. ਚੰਡੀਗੜ੍ਹ ਸਥਿਤ ਮੌਸਮ ਵਿਭਾਗ ਦੇ ਡਾਇਰੈਕਟਰ , ਸੁਰਿੰਦਰ ਪਾਲ ਨੇ ਦੱਸਿਆ

BYTE

---------------------------------------------------

ਭਾਰਤ ਅਤੇ ਬੰਗਲਾਦੇਸ਼ ਦਰਮਿਆਨ, ਔਰਤਾਂ ਦੀ SAFF ਫੁੱਟਬਾਲ ਚੈਂਪੀਅਨਸ਼ਿਪ ਦਾ ਫਾਈਨਲ ਅੱਜ ਗੋਆ 'ਚ ਖੇਡਿਆ ਜਾਵੇਗਾ। ਇਹ ਮੈਚ ਹੁਣ ਤੋਂ ਥੋੜੀ ਦੇਰ ਬਾਅਦ, ਸ਼ਾਮ ਸਾਢੇ 6 ਵਜੇ ਸ਼ੁਰੂ ਹੋਵੇਗਾ। ਭਾਰਤ ਨੇ ਸੈਮੀਫਾਈਨਲ ਵਿੱਚ ਭੂਟਾਨ ਨੂੰ 1-0 ਨਾਲ ਹਰਾ ਕੇ, ਫਾਈਨਲ ਵਿੱਚ ਆਪਣੀ ਥਾਂ ਪੱਕੀ ਕੀਤੀ। ਭਾਰਤੀ ਟੀਮ ਹੁਣ ਤੱਕ ਪੰਜ ਵਾਰ ਖਿਤਾਬ ਜਿੱਤ ਚੁੱਕੀ ਏ।

---------------------------------------------------

ਭਾਰਤ ਨੇ ਜਾਪਾਨ ਨੂੰ 4-1 ਨਾਲ ਹਰਾ ਕੇ, ਤੀਜੀ ਵਾਰ ਅੰਡਰ-18 ਏਸ਼ੀਆ ਕੱਪ ਹਾਕੀ ਦਾ ਖਿਤਾਬ ਜਿੱਤ ਲਿਆ ਏ। ਅੱਜ ਜਾਪਾਨ ਦੇ ਕਾਕਾਮਿਗਾਹਾਰਾ ਵਿੱਚ ਖੇਡੇ ਗਏ ਫਾਈਨਲ ਮੁਕਾਬਲੇ ਵਿੱਚ, ਭਾਰਤ ਲਈ, ਆਸ਼ੀਸ਼ ਪੂਰਤੀ ਨੇ ਹੈਟ੍ਰਿਕ ਲਗਾਈ, ਜਦੋਂ ਕਿ ਕਪਤਾਨ ਕੇਤਨ ਕੁਸ਼ਵਾਹਾ ਨੇ ਚੌਥਾ ਗੋਲ ਕੀਤਾ। ਮੇਜ਼ਬਾਨ ਜਾਪਾਨ ਲਈ ਇੱਕੋ-ਇੱਕ ਗੋਲ ਗਾਕੂ ਨੁਮਾਦਾ ਨੇ ਕੀਤਾ। ਭਾਰਤ ਦੀ ਔਰਤਾਂ ਦੀ ਟੀਮ ਨੇ ਦੱਖਣੀ ਕੋਰੀਆ ਨੂੰ 3-0 ਨਾਲ ਹਰਾ ਕੇ, ਕਾਂਸੀ ਦਾ ਤਮਗਾ ਹਾਸਿਲ ਕੀਤਾ ਏ।

--------------------------------------------------

- ਚੋਣ ਕਮਿਸ਼ਨ ਪੰਜਾਬ ਵਲੋਂ ਭਲਕੇ 7 ਜੂਨ ਨੂੰ ਸੂਬੇ ਭਰ ਦੇ ਸਾਰੇ 24 ਹਜ਼ਾਰ 453 ਵੋਟ ਕੇਂਦਰਾਂ 'ਤੇ ਵਿਸ਼ੇਸ਼ ਕੈਂਪ ਲਾਏ ਜਾਣਗੇ।

- ਕੇਂਦਰ ਸਰਕਾਰ ਨੇ ਕਾਨੂੰਨੀ ਮਾਪ ਪ੍ਰਣਾਲੀ ਤਹਿਤ ਖਾਣ ਵਾਲੇ ਤੇਲਾਂ ਲਈ ਮਿਆਰੀ ਪੈਕੇਜਿੰਗ ਲਾਗੂ ਕੀਤੀ।

- ਦਿੱਲੀ ਦੇ ਉਪ-ਰਾਜਪਾਲ ਤਰਨਜੀਤ ਸਿੰਘ ਸੰਧੂ ਨੇ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨਾਲ ਮੁਲਾਕਾਤ ਕੀਤੀ ਤੇ ਵੱਖ-ਵੱਖ ਅਹਿਮ ਮੁੱਦਿਆਂ 'ਤੇ ਵਿਆਪਕ ਵਿਚਾਰ – ਵਟਾਂਦਰਾ ਕੀਤਾ |

- ਪੰਜਾਬ ਵਿੱਚ ਇੱਕ ਸੜ੍ਹਕ ਹਾਦਸੇ ਵਿਚ ਘੱਟੋ-ਘੱਟ 9 ਲੋਕਾਂ ਦੀ ਮੌਤ ਅਤੇ 22 ਹੋਰ ਜ਼ਖਮੀ |
- ਮੌਸਮ ਵਿਭਾਗ ਵਲੋਂ ਕਲ੍ਹ ਤੋਂ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਵਿਚ ਮੁੜ੍ਹ ਲੂ ਚਲਣ ਦੀ ਪੇਸ਼ੀਨਗੋਈ |

- ਭਾਰਤ ਨੇ ਜਾਪਾਨ ਨੂੰ 4-1 ਨਾਲ ਹਰਾ ਕੇ, ਤੀਜੀ ਵਾਰ ਅੰਡਰ-18 ਏਸ਼ੀਆ ਕੱਪ ਹਾਕੀ ਦਾ ਖਿਤਾਬ ਜਿੱਤਿਆ |

---------------------------------------------------------------

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵਜੇ ਨਮਸਕਾਰ !**